ਗੂਜਰੀ ਮਹਲਾ ੩ ॥ ਰਾਮ ਰਾਮ ਸਭੁ ਕੋ ਕਹੈ ਕਹਿਐ ਰਾਮੁ ਨ ਹੋਇ ॥ ਗੁਰ ਪਰਸਾਦੀ ਰਾਮੁ ਮਨਿ ਵਸੈ ਤਾ ਫਲੁ ਪਾਵੈ ਕੋਇ ॥੧॥ ਅੰਤਰਿ ਗੋਵਿੰਦ ਜਿਸੁ ਲਾਗੈ ਪ੍ਰੀਤਿ ॥ ਹਰਿ ਤਿਸੁ ਕਦੇ ਨ ਵੀਸਰੈ ਹਰਿ ਹਰਿ ਕਰਹਿ ਸਦਾ ਮਨਿ ਚੀਤਿ ॥੧॥ ਰਹਾਉ ॥ ਹਿਰਦੈ ਜਿਨ੍ ਕੈ ਕਪਟੁ ਵਸੈ ਬਾਹਰਹੁ ਸੰਤ ਕਹਾਹਿ ॥ ਤ੍ਰਿਸਨਾ ਮੂਲਿ ਨ ਚੁਕਈ ਅੰਤਿ ਗਏ ਪਛੁਤਾਹਿ ॥੨॥ ਅਨੇਕ ਤੀਰਥ ਜੇ ਜਤਨ ਕਰੈ ਤਾ ਅੰਤਰ ਕੀ ਹਉਮੈ ਕਦੇ ਨ ਜਾਇ ॥ ਜਿਸੁ ਨਰ ਕੀ ਦੁਬਿਧਾ ਨ ਜਾਇ ਧਰਮ ਰਾਇ ਤਿਸੁ ਦੇਇ ਸਜਾਇ ॥੩॥ ਕਰਮੁ ਹੋਵੈ ਸੋਈ ਜਨੁ ਪਾਏ ਗੁਰਮੁਖਿ ਬੂਝੈ ਕੋਈ ॥ ਨਾਨਕ ਵਿਚਹੁ ਹਉਮੈ ਮਾਰੇ ਤਾਂ ਹਰਿ ਭੇਟੈ ਸੋਈ ॥੪॥੪॥੬॥ {ਪੰਨਾ 491}

ਪਦਅਰਥ:- ਸਭੁ ਕੋ—ਹਰੇਕ ਜੀਵ। ਕਹੈ—(ਜੀਭ ਨਾਲ) ਆਖਦਾ ਹੈ। ਨ ਹੋਈ—(ਸਫਲਤਾ) ਨਹੀਂ ਹੁੰਦੀ। ਪਰਸਾਦੀ—ਪਰਸਾਦਿ, ਕਿਰਪਾ ਨਾਲ। ਮਨਿ—ਮਨ ਵਿਚ। ਕੋਇ—ਕੋਈ ਮਨੁੱਖ।1।

ਅੰਤਰਿ—ਹਿਰਦੇ ਵਿਚ। ਜਿਸੁ ਅੰਤਰਿ—ਜਿਸ ਮਨੁੱਖ ਦੇ ਅੰਦਰ। ਤਿਸੁ—ਉਸ ਮਨੁੱਖ ਨੂੰ। ਕਰਹਿ—(ਉਹ ਮਨੁੱਖ) ਕਰਦੇ ਹਨ {ਬਹੁ-ਵਚਨ}। ਮਨਿ—ਮਨ ਵਿਚ। ਚੀਤਿ—ਚਿੱਤ ਵਿਚ।1। ਰਹਾਉ।

ਹਿਰਦੈ—ਹਿਰਦੇ ਵਿਚ। ਕਪਟੁ—ਧੋਖਾ। ਕਹਾਹਿ—ਅਖਵਾਂਦੇ ਹਨ। ਨ ਚੁਕਈ—ਨਾ ਚੁਕੈ, ਨਹੀਂ ਮੁੱਕਦੀ। ਅੰਤਿ—ਅੰਤ ਵੇਲੇ। ਗਏ—ਜਦੋਂ ਚੱਲ ਪਏ। ਪਛੁਤਾਹਿ—(ਤਦੋਂ) ਪਛੁਤਾਂਦੇ ਹਨ।2।

ਅੰਤਰ ਕੀ—ਅੰਦਰ ਦੀ {ਲਫ਼ਜ਼ 'ਅੰਤਰਿ' ਅਤੇ 'ਅੰਤਰ' ਦਾ ਫ਼ਰਕ ਚੇਤੇ ਰੱਖੋ। ਵੇਖੋ 'ਗੁਰਬਾਣੀ ਵਿਆਕਰਣ'}।

ਦੁਬਿਧਾ—ਦੁ-ਚਿੱਤਾ-ਪਨ; ਮਨ ਦਾ ਖਿੰਡਾਉ। ਦੇਇ—ਦੇਂਦਾ ਹੈ।3।

ਕਰਮੁ—ਬਖ਼ਸ਼ਸ਼। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਭੇਟੈ—ਮਿਲ ਪੈਂਦਾ ਹੈ।4।

ਅਰਥ:- (ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਲਈ ਪਿਆਰ ਬਣਦਾ ਹੈ, ਪਰਮਾਤਮਾ ਉਸ ਮਨੁੱਖ ਨੂੰ ਕਦੇ ਭੁੱਲਦਾ ਨਹੀਂ। (ਜਿਨ੍ਹਾਂ ਮਨੁੱਖਾਂ ਦੇ ਅੰਦਰ ਪਿਆਰ ਬਣਦਾ ਹੈ) ਉਹ ਸਦਾ ਆਪਣੇ ਮਨ ਵਿਚ ਚਿੱਤ ਵਿਚ ਪਰਮਾਤਮਾ ਨੂੰ ਯਾਦ ਕਰਦੇ ਰਹਿੰਦੇ ਹਨ।1। ਰਹਾਉ।

(ਜੇ) ਹਰੇਕ ਮਨੁੱਖ (ਨਿਰੀ ਜੀਭ ਨਾਲ ਹੀ) ਪਰਮਾਤਮਾ ਦਾ ਨਾਮ ਆਖਦਾ ਰਹੇ, (ਤਾਂ ਨਿਰਾ ਜੀਭ ਨਾਲ) ਪਰਮਾਤਮਾ ਦਾ ਨਾਮ ਆਖਿਆਂ (ਸਫਲਤਾ) ਨਹੀਂ ਹੁੰਦੀ। ਜਦੋਂ ਕਿਸੇ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਆ ਵੱਸੇ, ਤਦੋਂ ਉਸ ਨੂੰ ਉਸ ਸਿਮਰਨ ਦਾ ਫਲ ਮਿਲਦਾ ਹੈ।1।

(ਹੇ ਭਾਈ!) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਠੱਗੀ ਵੱਸਦੀ ਹੈ, ਪਰ ਬਾਹਰਲੇ ਭੇਖ ਨਾਲ (ਆਪਣੇ ਆਪ ਨੂੰ ਉਹ) ਸੰਤ ਅਖਵਾਂਦੇ ਹਨ ਉਹਨਾਂ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਕਦੇ ਭੀ ਨਹੀਂ ਮੁੱਕਦੀ; ਆਖ਼ਰ ਜਦੋਂ ਉਹ ਜਗਤ ਤੋਂ ਤੁਰ ਪੈਂਦੇ ਹਨ ਤਦੋਂ ਹੱਥ ਮਲਦੇ ਹਨ।2।

(ਹੇ ਭਾਈ!) ਜੇ ਕੋਈ ਮਨੁੱਖ ਅਨੇਕਾਂ ਤੀਰਥਾਂ ਦੇ ਇਸ਼ਨਾਨ ਦਾ ਜਤਨ ਕਰਦਾ ਰਹੇ, ਤਾਂ ਭੀ ਉਸ ਦੇ ਅੰਦਰ ਦੀ ਹਉਮੇ ਦੀ ਮੈਲ ਨਹੀਂ ਲਹਿੰਦੀ, ਤੇ, ਜਿਸ ਮਨੁੱਖ ਦੇ ਮਨ ਦਾ ਖਿੰਡਾਉ ਦੂਰ ਨਹੀਂ ਹੁੰਦਾ (ਉਹ ਮਾਇਆ ਦੇ ਮੋਹ ਵਿਚ ਭਟਕਦਾ ਰਹਿੰਦਾ ਹੈ) ਉਸ ਨੂੰ ਧਰਮ ਰਾਜ ਸਜ਼ਾ ਦੇਂਦਾ ਹੈ।3।

(ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਦੀ) ਬਖ਼ਸ਼ਸ਼ ਹੋਵੇ ਉਹੀ ਮਨੁੱਖ ਪਰਮਾਤਮਾ ਨੂੰ ਮਿਲਦਾ ਹੈ। (ਪਰ ਉਂਞ) ਕੋਈ ਵਿਰਲਾ ਮਨੁੱਖ ਹੀ ਗੁਰੂ ਦੀ ਸਰਨ ਪੈ ਕੇ (ਇਹ ਭੇਤ) ਸਮਝਦਾ ਹੈ। ਹੇ ਨਾਨਕ! (ਆਖ—) ਜਦੋਂ ਜੇਹੜਾ ਮਨੁੱਖ ਆਪਣੇ ਮਨ ਵਿਚੋਂ ਹਉਮੈ ਨੂੰ ਮਾਰ ਮੁਕਾਂਦਾ ਹੈ ਤਦੋਂ ਉਹੀ ਮਨੁੱਖ ਪਰਮਾਤਮਾ ਨੂੰ ਮਿਲਦਾ ਹੈ।4। 4।6।